3_January_Kapurthala_6_8_9.qxd 03-01-02 11:17 Page 3





ਭਾਜਪਾ ਆਈ.ਟੀ. ਸੈੱਲ ਦਾ ਸੂਬਾ ਮੀਤ ਪ੍ਰਧਾਨ ਬਣਨ 'ਤੇ ਵਿੱਕੀ ਗੁਜਰਾਲ ਨੂੰ ਸਨਮਾਨਿਤ ਕਰਦੇ ਹੋਏ ਸਾਬਕਾ ਮੰਤਰੀ ਮਨੋਰੰਜਨ ਕਾਲੀਆ, ਰਕੇਸ਼ ਗੋਇਲ, ਰਣਜੀਤ ਸਿੰਘ ਖੋਜੇਵਾਲ ਤੇ ਹੋਰ। ਅਜੀਤ ਤਸਵੀਰ

# ਵਿੱਕੀ ਗੁਜਰਾਲ ਭਾਜਪਾ ਆਈ.ਟੀ. ਸੈੱਲ ਦੇ ਸੂਬਾ ਮੀਤ ਪ੍ਰਧਾਨ ਬਣੇ

ਕਪੂਰਥਲਾ, 3 ਜਨਵਰੀ (ਸਡਾਨਾ) -ਭਾਜਪਾ ਆਗੂ ਅਮਰਦੀਪ ਗੁਜਰਾਲ ਵਿੱਕੀ ਨੂੰ ਆਈ.ਟੀ.ਸੀ. ਤੇ ਸੋਸ਼ਲ ਮੀਡੀਆ ਸੈੱਲ ਪੰਜਾਬ ਦੇ ਪ੍ਰਧਾਨ ਰਕੇਸ਼ ਗੋਇਲ ਨੇ ਆਈ.ਟੀ. ਸੈੱਲ ਪੰਜਾਬ ਦਾ ਮੀਤ ਪ੍ਰਧਾਨ ਨਿਯੁਕਤ ਕੀਤਾ ਹੈ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਮਨੋਰੰਜਨ ਕਾਲੀਆ ਵੀ ਮੌਜੂਦ ਸਨ। ਰਕੇਸ਼ ਗੋਇਲ ਵਲੋਂ ਅਮਰਦੀਪ ਗੁਜਰਾਲ ਨੂੰ ਨਿਯੁਕਤੀ ਪੱਤਰ ਦੇ ਕੇ ਆਈ.ਟੀ. ਸੈੱਲ ਤੇ ਸੋਸ਼ਲ ਮੀਡੀਆ ਵਿੰਗ ਦੀ ਜ਼ਿੰਮੇਵਾਰੀ ਸੌਂਪੀ ਗਈ। ਵਿੱਕੀ ਗੁਜਰਾਲ ਨੇ ਕਿਹਾ ਕਿ ਉਹ ਪਾਰਟੀ ਵਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਭਾਜਪਾ ਦੇ ਸੀਨੀਅਰ ਆਗੂ ਤੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਰਣਜੀਤ ਸਿੰਘ ਖੋਜੇਵਾਲ ਵੀ ਮੌਜੂਦ ਸਨ। ਆਪਣੀ ਨਿਯੁਕਤੀ 'ਤੇ ਵਿੱਕੀ ਗੁਜਰਾਲ ਨੇ ਸੀਨੀਅਰ ਭਾਜਪਾ ਆਗੂ ਰਕੇਸ਼ ਬਾਘਾ, ਸਰਬਜੀਤ ਸਿੰਘ ਮੱਕੜ, ਜ਼ਿਲ੍ਹਾ ਪ੍ਰਧਾਨ ਰਜੇਸ਼ ਪਾਸੀ ਤੇ ਮੰਡਲ ਪ੍ਰਧਾਨ ਚੇਤਨ ਸੂਰੀ ਦਾ ਤਹਿਦਿਲੋਂ ਧੰਨਵਾਦ ਕੀਤਾ।



ਤੇਰਾ ਤੇਰਾ ਲਾਇਬ੍ਰੇਰੀ ਦੇ ਮੈਂਬਰ ਸ਼ਮੀ ਜਲੰਧਰੀ ਦੀ ਪਹਿਲੀ ਕਿਤਾਬ 'ਇਸ਼ਕ ਮੇਰਾ ਸੁਲਤਾਨ' ਲੋਕ ਅਰਪਿਤ ਕਰਦੇ ਹੋਏ। ਤਸਵੀਰ: ਲਾਡੀ ਸਟੂਡੀਓ

# ਨਵੇਂ ਸਾਲ ਮੌਕੇ 'ਇਸ਼ਕ ਮੇਰਾ ਸੁਲਤਾਨ' ਕਿਤਾਬ ਲੋਕ ਅਰਪਣ

ਸੁਲਤਾਨਪੁਰ ਲੋਧੀ, 3 ਜਨਵਰੀ (ਥਿੰਦ, ਹੈਪੀ)-ਨੌਜਵਾਨਾਂ ਵਿਚ ਸਾਹਿਤਕ ਰੁਚੀਆਂ ਪੈਦਾ ਕਰਨ ਲਈ ਤੇ ਉਨ੍ਹਾਂ ਨੂੰ ਦੁਨੀਆ ਭਰ ਦੇ ਚੰਗੇ ਸਾਹਿਤ ਨਾਲ ਜੋੜਨ ਦੇ ਮਨੋਰਥ ਨੂੰ ਪੂਰਾ ਕਰਨ ਲਈ ਨਵੇਂ ਸਾਲ ਦੇ ਮੌਕੇ ਤੇਰਾ ਤੇਰਾ ਲਾਇਬ੍ਰੇਰੀ ਦੀ ਟੀਮ ਵਲੋਂ ਲੇਖਕ ਸ਼ੰਮੀ ਜਲੰਧਰ ਦੀ ਕਿਤਾਬ 'ਇਸ਼ਕ ਮੇਰਾ ਸੁਲਤਾਨ' ਲੋਕ ਅਰਪਣ ਕੀਤੀ ਗਈ। ਤੇਰਾ ਤੇਰਾ ਲਾਇਬ੍ਰੇਰੀ ਦੀ ਟੀਮ ਨੇ ਕਿਤਾਬ ਬਾਰੇ ਬੋਲਦਿਆਂ ਕਿਹਾ ਕਿ ਇਹ ਸ਼ਮੀ ਜਲੰਧਰੀ ਦੀ ਪਹਿਲੀ ਕਿਤਾਬ ਹੈ। ਸ਼ਮੀ ਜਲੰਧਰੀ ਨੇ ਆਪਣੀ ਸ਼ਾਇਰੀ ਵਿਚ ਉਰਦੂ, ਅਰਬੀ, ਫ਼ਾਰਸੀ ਭਾਸ਼ਾ ਦੇ ਸ਼ਬਦਾਂ ਦਾ ਇਸਤੇਮਾਲ ਕਰਕੇ ਸੂਫੀਆਨਾ ਰੰਗ ਹੋਰ ਗੂੜ੍ਹਾ ਕਰ ਦਿੱਤਾ। ਉਸਨੇ ਇਸ ਕਿਤਾਬ ਸਮਰਪਣ ਕੁਦਰਤ ਕਾਇਨਾਤ ਨੂੰ ਕੀਤਾ। ਇਸ ਮੌਕੇ ਮਨਦੀਪ ਸਿੰਘ, ਯੁਵਰਾਜ ਸਿੰਘ, ਸੁਖਜੋਤ ਸਿੰਘ, ਅਫਤਾਬ ਸਿੰਘ, ਬੁਲਵਾਰ ਸਿੰਘ, ਜਸਨਦੀਪ ਸਿੰਘ, ਹਰਪ੍ਰੀਤ ਸਿੰਘ, ਇਕਬਾਲ ਸਿੰਘ ਆਦਿ ਹਾਜ਼ਰ ਸਨ।



ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਵਿਖੇ ਪਹੁੰਚਣ 'ਤੇ ਗੁਰਬਾਣੀ ਕੀਰਤਨ ਗਾਇਨ ਕਰਦੀਆਂ ਸੰਗਤਾਂ। ਅਜੀਤ ਤਸਵੀਰ

# ਸ਼ੁਕਰਾਨਾ ਯਾਤਰਾ ਰਾਹੀਂ ਸੰਗਤਾਂ ਨੇ ਕੀਤੇ ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ ਦੇ ਦਰਸ਼ਨ

ਕਪੂਰਥਲਾ, 3 ਜਨਵਰੀ (ਸਡਾਨਾ)- ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਮਾਤਾ ਗੁਜਰ ਕੌਰ ਤੇ ਬੇਅੰਤ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਤਪ ਅਸਥਾਨ ਸੰਤ ਬਾਬਾ ਮੰਗਲ ਸਿੰਘ ਪੁਰਾਣੀ ਸਬਜ਼ੀ ਮੰਡੀ ਵਿਖੇ ਚੱਲ ਰਹੇ ਸ਼ਹੀਦੀ ਸਮਾਗਮਾਂ ਦੀ ਸਮਾਪਤੀ ਉਪਰੰਤ ਅੱਜ ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ ਲਈ 21 ਬੱਸਾਂ ਦੇ ਕਾਫਲੇ ਰਾਹੀਂ ਸਟੇਟ ਗੁਰਦੁਆਰਾ ਸਾਹਿਬ ਤੋਂ ਸ਼ੁਕਰਾਨਾ ਯਾਤਰਾ ਰਵਾਨਾ ਹੋਈ। ਇਸ ਮੌਕੇ ਸੰਗਤਾਂ ਵਲੋਂ ਗੁਰਦੁਆਰਾ ਸ੍ਰੀ ਮਾਛੀਵਾੜਾ ਸਾਹਿਬ, ਗੁਰਦੁਆਰਾ ਚਮਕੌਰ ਸਾਹਿਬ ਤੇ ਗੁਰਦੁਆਰਾ ਫ਼ਤਿਹਗੜ੍ਹ ਸਾਹਿਬ ਦੇ ਦਰਸ਼ਨ ਕੀਤੇ ਗਏ। ਰਸਤੇ ਵਿਚ ਸੰਗਤਾਂ ਵਲੋਂ ਗੁਰਬਾਣੀ ਕੀਰਤਨ ਗਾਇਨ ਕੀਤਾ ਗਿਆ ਤੇ ਗੁਰਦੁਆਰਾ ਸਾਹਿਬ ਸ੍ਰੀ ਜੋਤੀ ਸਰੂਪ ਵਿਖੇ ਪਹੁੰਚ ਕੇ ਇਹ ਸਮਾਪਤ ਹੋਈ। ਜਿੱਥੇ ਪ੍ਰਬੰਧਕਾਂ ਵਲੋਂ ਯਾਤਰਾ 'ਤੇ ਆਈਆਂ ਸੰਗਤਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਥੇਦਾਰ ਜਸਵਿੰਦਰ ਸਿੰਘ ਬਤਰਾ, ਰਸ਼ਪਾਲ ਸਿੰਘ ਸਿਟੀ ਕੇਬਲ, ਦਵਿੰਦਰ ਸਿੰਘ ਦੇਵ, ਮਨਮੋਹਨ ਸਿੰਘ, ਸਵਰਨ ਸਿੰਘ, ਹਰਬੰਸ ਸਿੰਘ ਬਤਰਾ, ਜਸਬੀਰ ਸਿੰਘ ਰਾਣਾ, ਗੁਰਪ੍ਰੀਤ ਸਿੰਘ ਸੋਨਾ, ਅਮਰਜੀਤ ਸਿੰਘ, ਲਖਬੀਰ ਸਿੰਘ, ਜਤਿੰਦਰ ਸਿੰਘ, ਸਿਮਰਨਦੀਪ ਸਿੰਘ, ਗੁਰਪ੍ਰੀਤ ਸਿੰਘ ਬਬਲੂ, ਪਰਮਿੰਦਰ ਸਿੰਘ, ਮਨਪ੍ਰੀਤ ਸਿੰਘ, ਹਰਪਾਲ ਸਿੰਘ, ਜਸਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਸੁਰਿੰਦਰਪਾਲ ਸਿੰਘ, ਜੋਧ ਸਿੰਘ, ਜਸਕਰਨ ਸਿੰਘ, ਉਂਕਾਰ ਸਿੰਘ, ਬਲਵਿੰਦਰ ਸਿੰਘ ਤੇ ਹੋਰ ਸੰਗਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।



ਮੀਟਿੰਗ ਦੌਰਾਨ ਹਾਜ਼ਰ ਡਾ. ਬਲਜੀਤ ਸਿੰਘ ਕਮਾਲਪੁਰ, ਗੁਰਪ੍ਰੀਤ ਸਿੰਘ ਦਿਓ ਤੇ ਹੋਰ। ਤਸਵੀਰ: ਦਿਲਬਾਗ ਸਿੰਘ ਝੰਡ

# ਸੁਲਤਾਨਪੁਰ ਲੋਧੀ 'ਚ ਅਕਾਲੀ ਦਲ ਦੀ ਲਹਿਰ ਬਣੀ-ਅਕਾਲੀ ਆਗੂ

ਡਡਵਿੰਡੀ, 3 ਜਨਵਰੀ (ਦਿਲਬਾਗ ਸਿੰਘ ਝੰਡ)-ਹਲਕਾ ਸੁਲਤਾਨਪੁਰ ਲੋਧੀ ਅੰਦਰ ਕੈਪਟਨ ਹਰਮਿੰਦਰ ਸਿੰਘ ਵਰਗਾ ਧੜੱਲੇਦਾਰ ਆਗੂ ਆਉਣ ਨਾਲ ਹਲਕੇ ਦੇ ਵਰਕਰਾਂ ਵਿੱਚ ਖਾਸਾ ਉਤਸ਼ਾਹ ਭਰਿਆ ਹੈ ਜਿਸ ਨਾਲ ਹਲਕੇ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿਚ ਲਹਿਰ ਬਣ ਗਈ ਹੈ। ਇਹ ਪ੍ਰਗਟਾਵਾ ਸੀਨੀਅਰ ਅਕਾਲੀ ਆਗੂ ਤੇ ਸ਼੍ਰੋਮਣੀ ਅਕਾਲੀ ਦਲ ਦੇ ਮਾਰਕੀਟ ਸੋਸਾਇਟੀ ਸੁਲਤਾਨਪੁਰ ਲੋਧੀ ਦੇ ਸਾਬਕਾ ਚੇਅਰਮੈਨ ਡਾ. ਬਲਜੀਤ ਸਿੰਘ ਕਮਾਲਪੁਰ ਨੇ ਪਾਰਟੀ ਵਰਕਰਾਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਦੇ ਸਮੂਹ ਵਰਕਰ ਪਿਛਲੇ 5 ਸਾਲਾਂ ਦੌਰਾਨ ਲੁੱਟ ਤੇ ਕੁੱਟ ਦਾ ਸ਼ਿਕਾਰ ਹੁੰਦੇ ਰਹੇ ਹਨ ਅਤੇ ਹੁਣ ਵਿਰੋਧੀਆਂ ਨੂੰ ਮੂੰਹ ਦੀ ਖਾਣੀ ਪਏਗੀ। ਉਨ੍ਹਾਂ ਕਿਹਾ ਕਿ ਲੋਕ ਹੁਣ ਬਹੁਤ ਸਮਝਦਾਰ ਹੋ ਚੁੱਕੇ ਹਨ ਉਹ ਕਾਂਗਰਸ ਤੇ ਆਮ ਆਦਮੀ ਪਾਰਟੀ ਦੇ ਝਾਂਸੇ ਵਿਚ ਨਹੀਂ ਆਉਣਗੇ। ਇਸ ਮੌਕੇ ਗੁਰਦੀਪ ਸਿੰਘ ਦਿਓ, ਬਲਵੀਰ ਸਿੰਘ ਅਲਾਦਿੱਤਾ, ਸੁਖਦੇਵ ਰਾਜ ਸਾਬਕਾ ਸਰਪੰਚ, ਨੰਬਰਦਾਰ ਸਤਪਾਲ ਸਿੰਘ ਢਿੱਲੋਂ, ਕਰਮ ਚੰਦ ਕਮਾਲਪੁਰ ਅਤੇ ਮਲਕੀਤ ਸਿੰਘ ਭੱਠਾ ਤੋਂ ਇਲਾਵਾ ਵੱਡੀ ਗਿਣਤੀ 'ਚ ਪਾਰਟੀ ਵਰਕਰ ਹਾਜ਼ਰ ਸਨ।

# ਕਾਂਗਰਸ ਝੂਠ ਬੋਲ ਕੇ ਪੰਜਾਬ ਦੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ-ਗੜ੍ਹੀ, ਕੁਲਾਰ

- ਰਜਿੰਦਰ ਚੰਦੀ ਵਲੋਂ ਕਰਵਾਈ ਗਈ ਰਾਣੀਪੁਰ ਵਿਖੇ ਭਰਵੀਂ ਮੀਟਿੰਗ



ਰਾਣੀਪੁਰ ਵਿਖੇ ਮੀਟਿੰਗ ਦੌਰਾਨ ਜਸਵੀਰ ਸਿੰਘ ਗੜ੍ਹੀ, ਜਥੇਦਾਰ ਸਰਵਣ ਸਿੰਘ ਕੁਲਾਰ, ਰਜਿੰਦਰ ਸਿੰਘ ਚੰਦੀ, ਜਤਿੰਦਰਪਾਲ ਸਿੰਘ ਪਲਾਹੀ ਤੇ ਹੋਰ। ਤਸਵੀਰ ਕੁਲਵੰਤ ਸਿੰਘ

ਫਗਵਾੜਾ, 3 ਜਨਵਰੀ (ਅਸ਼ੋਕ ਕੁਮਾਰ ਵਾਲੀਆ)-ਸ਼੍ਰੋਮਣੀ ਅਕਾਲੀ ਦਲ ਦਿਹਾਤੀ ਦੇ ਪ੍ਰਧਾਨ ਰਜਿੰਦਰ ਸਿੰਘ ਚੰਦੀ ਸਰਪੰਚ ਰਾਣੀਪੁਰ ਕੰਬੋਆਂ ਵਲੋਂ ਸ਼੍ਰੋਮਣੀ ਅਕਾਲੀ ਦਲ ਅਤੇ ਬਹੁਜਨ ਸਮਾਜ ਪਾਰਟੀ ਦੇ ਸਾਂਝੇ ਉਮੀਦਵਾਰ ਜਸਵੀਰ ਸਿੰਘ ਗੜ੍ਹੀ ਸੂਬਾ ਪ੍ਰਧਾਨ ਬਸਪਾ ਦੇ ਹੱਕ ਵਿਚ ਰਾਣੀਪੁਰ ਵਿਖੇ ਭਰਵੀਂ ਚੋਣ ਮੀਟਿੰਗ ਕਰਵਾਈ ਗਈ। ਇਸ ਮੀਟਿੰਗ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਸਰਵਣ ਸਿੰਘ ਕੁਲਾਰ ਮੈਂਬਰ ਅੰਤਰਿਗ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੀ ਸ਼ਿਰਕਤ ਕੀਤੀ । ਇਸ ਮੌਕੇ ਜਸਵੀਰ ਸਿੰਘ ਗੜ੍ਹੀ ਨੇ ਆਖਿਆ ਕਿ ਕਾਂਗਰਸ ਸਰਕਾਰੀ ਤੰਤਰ ਦਾ ਇਸਤੇਮਾਲ ਕਰਕੇ ਮਨਰੇਗਾ ਕਾਮਿਆਂ ਨੂੰ ਰੈਲੀ ਵਿਚ ਇਕੱਠ ਕਰਨ ਲਈ ਮਜਬੂਰ ਕਰ ਰਹੀ ਹੈ। ਇਸ ਮੌਕੇ ਤੇ ਜਥੇਦਾਰ ਸਰਵਣ ਸਿੰਘ ਕੁਲਾਰ ਨੇ ਆਖਿਆ ਕਾਂਗਰਸ ਹਰ ਫ਼ਰੰਟ ਤੋਂ ਫੇਲ ਹੋ ਚੁੱਕੀ ਹੈ ਪਹਿਲਾਂ ਕੈਪਟਨ ਨੇ ਆਪਣੇ ਕਾਰਜਕਾਲ ਦੌਰਾਨ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ ਤੋਂ ਲਾਹਿਆ ਅਤੇ ਹੁਣ ਚੰਨੀ ਗੱਪਾਂ ਹੀ ਮਾਰੀ ਜਾਂਦਾ ਹੈ। ਇਸ ਮੌਕੇ ਰਜਿੰਦਰ ਸਿੰਘ ਚੰਦੀ ਦਿਹਾਤੀ ਪ੍ਰਧਾਨ, ਜਤਿੰਦਰਪਾਲ ਸਿੰਘ ਪਲਾਹੀ ਨੇ ਵੀ ਆਖਿਆ ਕਿ ਲੋਕ ਹੁਣ ਕਾਂਗਰਸ ਨੂੰ ਚੱਲਦਾ ਕਰਨ ਲਈ ਉਤਾਵਲੇ ਹਨ ਅਤੇ ਪੰਜਾਬ ਵਿਚ ਹੁਣ ਸ਼੍ਰੋਮਣੀ ਅਕਾਲੀ ਦਲ ਅਤੇ ਬਹੁਜਨ ਸਮਾਜ ਪਾਰਟੀ ਦੀ ਸਾਂਝੀ ਸਰਕਾਰ ਬਣਨੀ ਤੈਅ ਹੈ। ਇਸ ਮੌਕੇ ਸ਼ਰਨਜੀਤ ਸਿੰਘ ਅਟਵਾਲ , ਜਥੇਦਾਰ ਸਰੂਪ ਸਿੰਘ ਖਲਵਾੜਾ, ਹਰਦੀਪ ਸਿੰਘ ਦੀਪਾ, ਗੁਰਦੀਪ ਸਿੰਘ ਖੇੜਾ, ਸਤਵਿੰਦਰ ਸਿੰਘ ਘੁੰਮਣ, ਅਵਤਾਰ ਸਿੰਘ ਮੰਗੀ ਜਗਪਾਲਪੁਰ, ਪ੍ਰਦੀਪ ਮੱਲ, ਰਣਜੀਤ ਸਿੰਘ, ਸਤਨਾਮ ਸਿੰਘ, ਗੁਰਮੇਲ ਸਿੰਘ, ਅਵਤਾਰ ਸਿੰਘ, ਰਾਜਾ, ਲਖਵੀਰ ਚੰਦ, ਪ੍ਰਕਾਸ਼ ਸਿੰਘ, ਹਰਬਲਾਸ ਮਾਸਟਰ, ਕਸ਼ਮੀਰ ਸਿੰਘ, ਗੁਰਜੀਤ ਸਿੰਘ, ਦਿਲਬਾਗ ਸਿੰਘ, ਜਸਵੀਰ ਸਿੰਘ, ਸਿਮਰੂ ਕਲੇਰ, ਸਤਨਾਮ ਕਲੇਰ, ਬਹਾਦਰ ਸਿੰਘ, ਮਹਿੰਦਰ ਸਿੰਘ, ਦੀਪਾ ਆਦਿ ਹਾਜ਼ਰ ਸਨ।



ਰੇਲ ਕੋਚ ਫੈਕਟਰੀ ਵਲੋਂ ਤਿਆਰ ਕੀਤੇ ਗਏ ਐਲ.ਐਚ.ਬੀ. ਕੋਚ ਦਾ ਬਾਹਰੀ ਦ੍ਰਿਸ਼। ਅਜੀਤ ਤਸਵੀਰ

# ਰੇਲ ਕੋਚ ਫੈਕਟਰੀ ਨੂੰ ਮਿਲਿਆ ਭਾਰਤੀ ਰੇਲ ਦੀ ਬੈਸਟ ਪ੍ਰੋਡਕਸ਼ਨ ਯੂਨਿਟ ਸ਼ੀਲਡ ਦਾ ਵਕਾਰੀ ਸਨਮਾਨ

ਕਪੂਰਥਲਾ, 3 ਜਨਵਰੀ (ਸਡਾਨਾ)-ਆਪਣੀ ਸ਼ਾਨਦਾਰ ਕਾਰਗੁਜ਼ਾਰੀ ਬਦਲੇ ਰੇਲ ਕੋਚ ਫੈਕਟਰੀ ਨੂੰ ਸਾਲ 2020-21 ਲਈ ਭਾਰਤੀ ਰੇਲ ਦੀ ਵਧੀਆ ਪ੍ਰੋਡਕਸ਼ਨ ਯੂਨਿਟ ਸ਼ੀਲਡ ਦੇ ਨਾਲ ਨਿਵਾਜਿਆ ਗਿਆ ਹੈ। ਆਰ.ਸੀ.ਐਫ. 66ਵੇਂ ਕੌਮੀ ਰੇਲਵੇ ਪੁਰਸਕਾਰ 2021 ਲਈ ਬਨਾਰਸ ਲੋਕੋਮੋਟਿਵ ਵਰਕਸ ਦੇ ਨਾਲ ਇਸ ਸ਼ੀਲਡ ਨੂੰ ਸਾਂਝੇ ਤੌਰ 'ਤੇ ਪ੍ਰਾਪਤ ਕਰੇਗਾ। ਇਹ ਵਕਾਰੀ ਸਨਮਾਨ 2013 ਤੋਂ ਬਾਅਦ ਦੂਸਰੀ ਵਾਰ ਆਰ.ਸੀ.ਐਫ. ਨੂੰ ਮਿਲਿਆ ਹੈ। ਬੀਤੇ ਵਰ੍ਹੇ ਦੌਰਾਨ ਰੇਲ ਕੋਚ ਫੈਕਟਰੀ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ 1500 ਰੇਲ ਡੱਬਿਆਂ ਦਾ ਨਿਰਮਾਣ ਕੀਤਾ। ਜਿਸ ਵਿਚ 497 ਐਲ.ਐਚ.ਬੀ. ਡੱਬੇ ਸ਼ਾਮਲ ਸਨ, ਜਦਕਿ 2019-2020 ਵਿਚ ਬਣਾਏ ਗਏ 928 ਐਲ.ਐਚ.ਬੀ. ਡੱਬਿਆਂ ਦੀ ਤੁਲਨਾ ਨਾਲ ਬੀਤੇ ਵਰ੍ਹੇ ਐਲ.ਐਚ.ਬੀ. ਕੋਚ ਦਾ ਉਤਪਾਦਨ 61 ਫੀਸਦੀ ਵਧਿਆ ਹੈ। ਇਸੇ ਦੌਰਾਨ ਰੇਲ ਕੋਚ ਫੈਕਟਰੀ ਨੇ ਪਾਰਸਲ ਵੈਨ ਵਿਚ ਵੀ ਕੁੱਝ ਬਦਲਾਅ ਕੀਤੇ ਤੇ ਉਸ ਨੂੰ ਤੇਜ਼ ਗਤੀ ਨਾਲ ਚੱਲਣ ਵਾਲਾ ਬਣਾਇਆ। ਇਸ ਸਾਲ ਰੇਲ ਕੋਚ ਫੈਕਟਰੀ ਨੇ ਏ.ਸੀ. ਥ੍ਰੀ ਟੀਅਰ ਇਕਾਨਮੀ ਕਲਾਸ ਡੱਬਿਆਂ ਦਾ ਰੇਕ ਵੀ ਰਵਾਨਾ ਕੀਤਾ ਤੇ ਕੋਰੋਨਾ ਮਹਾਂਮਾਰੀ ਦੌਰਾਨ ਪੋਸਟ ਕੋਵਿਡ ਕੋਚ ਵੀ ਬਣਾਏ ਗਏ, ਜਦੋਂ ਕੋਰੋਨਾ ਦੌਰਾਨ ਦੇਸ਼ ਦੀਆਂ ਵੱਡੀਆਂ ਉਦਯੋਗਿਕ ਇਕਾਈਆਂ ਬੰਦ ਪਈਆਂ ਸਨ ਤਾਂ ਲਾਕਡਾਊਨ ਦੇ ਇਕ ਮਹੀਨੇ ਦੇ ਅੰਦਰ ਆਰ.ਸੀ.ਐਫ. ਨੇ ਦੁਬਾਰਾ ਉਤਪਾਦਨ ਸ਼ੁਰੂ ਕੀਤਾ। ਆਰ.ਸੀ.ਐਫ. ਦੇ ਜਨਰਲ ਮੈਨੇਜਰ ਅਸ਼ੇਸ਼ ਅਗਰਵਾਲ ਨੇ ਇਸ ਮੌਕੇ ਕਿਹਾ ਕਿ ਇਹ ਸਨਮਾਨ ਰੇਲ ਕੋਚ ਫੈਕਟਰੀ ਦੇ ਕਰਮਚਾਰੀਆਂ ਦੀ ਮਿਹਨਤ ਕਾਰਨ ਸੰਭਵ ਹੋਇਆ ਹੈ, ਜਿਨ੍ਹਾਂ ਨੇ ਯਾਤਰੀਆਂ ਨੂੰ ਸੰਤੁਸ਼ਟ ਕਰਦੇ ਹੋਏ ਵੱਧ ਕੋਚ ਬਣਾਉਣ ਦਾ ਟੀਚਾ ਪੂਰਾ ਕੀਤਾ। ਉਨ੍ਹਾਂ ਕਿਹਾ ਕਿ ਰੇਲ ਕੋਚ ਫੈਕਟਰੀ ਹੁਣ ਨਵੇਂ ਕਿਸਮ ਦੇ ਡੱਬਿਆਂ ਦੇ ਡਿਜ਼ਾਈਨ 'ਤੇ ਕੰਮ ਕਰਨ ਤੋਂ ਇਲਾਵਾ ਸਾਲ 2021-22 ਦੌਰਾਨ ਆਪਣੇ ਕੋਚ ਉਤਪਾਦਨ ਨੂੰ ਹੋਰ ਵਧਾਵੇਗੀ। ਉਨ੍ਹਾਂ ਇਸ ਪ੍ਰਾਪਤੀ 'ਤੇ ਆਰ.ਸੀ.ਐਫ. ਕਰਮਚਾਰੀਆਂ ਲਈ 50 ਹਜ਼ਾਰ ਰੁਪਏ ਦੇ ਸਮੂਹ ਇਨਾਮ ਦਾ ਵੀ ਐਲਾਨ ਕੀਤਾ।



ਫਗਵਾੜਾ ਦੇ ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਕੀਰਤਨੀ ਜਥੇ ਨੂੰ ਕੀਰਤਨ ਉਪਰੰਤ ਸਨਮਾਨਿਤ ਕਰਨ ਮੌਕੇ ਮੈਨੇਜਰ ਨਰਿੰਦਰ ਸਿੰਘ, ਭਾਈ ਅੰਮ੍ਰਿਤਪਾਲ ਸਿੰਘ, ਭਾਈ ਬਲਵਿੰਦਰ ਸਿੰਘ ਆਦਿ। ਤਸਵੀਰ: ਕੁਲਵੰਤ ਸਿੰਘ

# ਗੁਰਦੁਆਰਾ ਸੁਖਚੈਨਆਣਾ ਸਾਹਿਬ ਵਿਖੇ ਮੱਸਿਆ ਦਾ ਦਿਹਾੜਾ ਮਨਾਇਆ

ਫਗਵਾੜਾ, 3 ਜਨਵਰੀ (ਅਸ਼ੋਕ ਕੁਮਾਰ ਵਾਲੀਆ)-ਫਗਵਾੜਾ ਦੇ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਸੁਖਚੈਨਆਣਾ ਸਾਹਿਬ ਵਿਖੇ ਮੱਸਿਆ ਦਾ ਦਿਹਾੜਾ ਸ਼ਰਧਾ ਪੂਰਵਕ ਮਨਾਇਆ ਗਿਆ, ਇਸ ਮੌਕੇ ਤੇ ਪਿਛਲੇ ਤਿੰਨ ਰੋਜ਼ਾ ਤੋਂ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਸਜੇ ਦੀਵਾਨਾਂ ਵਿਚ ਰਾਗੀ ਭਾਈ ਇਕਬਾਲ ਸਿੰਘ, ਭਾਈ ਕੰਵਲਜੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਬੇਰ ਸਾਹਿਬ ਸੁਲਤਾਨਪੁਰ ਲੋਧੀ, ਢਾਡੀ ਜਗਜੀਵਨ ਸਿੰਘ ਅਰਜੁਨਵਾਲ, ਭਾਈ ਮੋਹਕਮ ਸਿੰਘ ਤੋਂ ਇਲਾਵਾ ਹੋਰ ਵੀ ਵੱਖ ਵੱਖ ਕੀਰਤਨੀ ਜਥਿਆਂ ਵਲੋਂ ਸੰਗਤਾਂ ਨੂੰ ਗੁਰਇਤਿਹਾਸ ਸਰਵਣ ਕਰਵਾਇਆ ਗਿਆ। ਇਸ ਮੌਕੇ ਜਥੇਦਾਰ ਸਰਵਣ ਸਿੰਘ ਕੁਲਾਰ ਮੈਂਬਰ ਅੰਤ੍ਰਿਮ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸੰਗਤਾਂ ਨੂੰ ਗੁਰੂ ਵਾਲੇ ਬਣਨ ਦਾ ਉਪਦੇਸ਼ ਦਿੱਤਾ। ਅੰਤ ਵਿਚ ਮੈਨੇਜਰ ਨਰਿੰਦਰ ਸਿੰਘ ਵਲੋਂ ਪੁੱਜੇ ਹੋਏ ਸਭਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਹੈੱਡਗ੍ਰੰਥੀ ਬਲਵਿੰਦਰ ਸਿੰਘ, ਭਾਈ ਅੰਮ੍ਰਿਤਪਾਲ ਸਿੰਘ, ਬਾਬਾ ਹਰਜੀਤ ਸਿੰਘ, ਕੁਲਵਿੰਦਰ ਸਿੰਘ, ਪ੍ਰਦੀਪ ਸਿੰਘ, ਗੁਰਮੀਤ ਸਿੰਘ, ਹਰਜਿੰਦਰ ਸਿੰਘ ਆਦਿ ਹਾਜ਼ਰ ਸਨ।

# ਵਿਸ਼ਵ ਚਿੰਤਨ ਦਿਵਸ ਤੇ ਗੁਰਮਤਿ ਲੋਕ ਧਾਰਾ ਵਿਚਾਰ ਮੰਚ ਦਾ ਪਲੇਠਾ ਸਮਾਗਮ ਕੱਲ੍ਹ ਨਿਰਮਲ ਕੁਟੀਆ ਵਿਖੇ-ਸੰਤ ਸੀਚੇਵਾਲ

ਸੁਲਤਾਨਪੁਰ ਲੋਧੀ, 3 ਜਨਵਰੀ (ਨਰੇਸ਼ ਹੈਪੀ, ਥਿੰਦ)-ਵਿਸ਼ਵ ਚਿੰਤਨ ਦਿਵਸ ਅਤੇ ਗੁਰਮਤਿ ਲੋਕ ਧਾਰਾ ਵਿਚਾਰ ਮੰਚ ਦਾ ਪਲੇਠਾ ਸਮਾਗਮ 5 ਜਨਵਰੀ ਨੂੰ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਹੋਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਪਦਮਸ੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕੀਤਾ। ਉਨ੍ਹਾਂ ਦੱਸਿਆ ਕਿ ਪੰਜਾਬ ਦੀਆਂ ਚੋਣਾਂ 2022 ਦੌਰਾਨ ਵਾਤਾਵਰਨ ਦੇ ਮੁੱਦੇ ਦੀ ਬਾਤ ਪਾਉਂਦਾ ਇਹ ਸਮਾਗਮ ਕਰਵਾਇਆ ਜਾਣਾ ਹੈ। ਪੰਜਾਬ ਵਾਤਾਵਰਨ ਚੇਤਨਾ ਲਹਿਰ ਵਲੋਂ ਕਰਵਾਏ ਜਾ ਰਹੇ ਪ੍ਰੋਗਰਾਮਾਂ ਦਾ ਮੁੱਖ ਉਦੇਸ਼ ਪੰਜਾਬ ਦੇ ਪ੍ਰਦੂਸ਼ਿਤ ਹੋ ਚੁੱਕੇ ਵਾਤਾਵਰਨ, ਹਵਾ, ਪਾਣੀ ਅਤੇ ਧਰਤੀ ਦੇ ਮੁੱਦੇ ਨੂੰ ਰਾਜਨੀਤਿਕ ਪਾਰਟੀਆਂ ਦੇ ਚੋਣ ਮਨੋਰਥ ਪੱਤਰਾਂ 'ਚ ਪ੍ਰਮੁੱਖਤਾ ਦਿਵਾਉਣਾ ਹੈ। ਉਕਤ ਮੁਹਿੰਮ ਦੀ ਅਗਵਾਈ ਸੰਤ ਬਲਬੀਰ ਸਿੰਘ ਸੀਚੇਵਾਲ, ਬੀਬੀ ਡਾ. ਇੰਦਰਜੀਤ ਕੌਰ ਪਿੰਗਲਵਾੜਾ, ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਗਿਆਨੀ ਕੇਵਲ ਸਿੰਘ ਸਾਬਕਾ ਜਥੇਦਾਰ ਤਖ਼ਤ ਦਮਦਮਾ ਸਾਹਿਬ ਅਤੇ ਕਾਹਨ ਸਿੰਘ ਪੰਨੂੰ ਸਾਬਕਾ ਆਈਏਐਸ, ਗੁਰਪ੍ਰੀਤ ਸਿੰਘ ਚੰਦਬਾਜਾ ਕਰ ਰਹੇ ਹਨ। ਸੰਤ ਬਲਬੀਰ ਸਿੰਘ ਸੀਚੇਵਾਲ ਨੇ ਆਖਿਆ ਕਿ ਰਾਜਨੀਤਿਕ ਲੋਕ ਦਰਿਆਵਾਂ ਨੂੰ ਸਾਫ਼ ਕਰਨ ਅਤੇ ਵਾਤਾਵਰਨ ਦੀ ਸ਼ੁੱਧਤਾ ਪ੍ਰਤੀ ਸੁਹਿਰਦ ਨਹੀਂ ਅਤੇ ਲੋੜੋਂ ਵੱਧ ਫ਼ਸਲਾਂ 'ਚ ਰੇਹਾਂ-ਸਪਰੇਆਂ ਕਰਕੇ ਸਾਡੀ ਖ਼ੁਰਾਕ ਵੀ ਜ਼ਹਿਰੀਲੀ ਹੋ ਚੁੱਕੀ ਹੈ। ਇਹ ਕਿਸੇ ਨਸਲਕੁਸ਼ੀ ਤੋਂ ਘੱਟ ਨਹੀਂ, ਜਿਸ ਨੂੰ ਰੋਕਣਾ ਬਹੁਤ ਜ਼ਰੂਰੀ ਹੈ ਨਹੀਂ ਤਾਂ ਆਉਣ ਵਾਲਾ ਸਮਾਂ ਬਹੁਤ ਭਿਆਨਕ ਹੋਵੇਗਾ। ਇਸ ਸਮੇਂ ਉਨ੍ਹਾਂ ਦੇ ਨਾਲ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਗੁਰਵਿੰਦਰ ਸਿੰਘ ਬੋਪਾਰਾਏ, ਯਾਦਵਿੰਦਰ ਸਿੰਘ ਬਲਾਕ ਟੈਕਨਾਲੋਜੀ ਮੈਨੇਜਰ ਖੇਤੀਬਾੜੀ ਵਿਭਾਗ, ਪਰਨੀਤ ਕੌਰ, ਫਤਿਹਜੰਗ ਸਿੰਘ, ਦਇਆ ਸਿੰਘ, ਅੰਮ੍ਰਿਤਪਾਲ ਸਿੰਘ ਆਦਿ ਹੋਰ ਸੰਗਤਾਂ ਹਾਜ਼ਰ ਸਨ।



ਵਿਸ਼ਵ ਚਿੰਤਨ ਦਿਵਸ ਅਤੇ ਗੁਰਮਤਿ ਲੋਕਧਾਰਾ ਵਿਚਾਰ ਮੰਚ ਦੇ ਪਲੇਠੇ ਸਮਾਗਮ 'ਚ ਸ਼ਾਮਿਲ ਹੋਣ ਵਾਲੇ ਸੰਤ ਬਲਬੀਰ ਸਿੰਘ ਸੀਚੇਵਾਲ, ਵਾਤਾਵਰਨ ਪ੍ਰੇਮੀ ਸੰਤ ਸੇਵਾ ਸਿੰਘ ਖਡੂਰ ਸਾਹਿਬ ਅਤੇ ਬੀਬੀ ਇੰਦਰਜੀਤ ਕੌਰ ਪਿੰਗਲਵਾੜਾ ਵਾਲੇ।



ਅਹੁਦਾ ਸੰਭਾਲਣ ਮੌਕੇ ਡਾ: ਕਪਿਲ ਡੋਗਰਾ ਨੂੰ ਸਨਮਾਨਿਤ ਕਰਦੇ ਹੋਏ ਡਾ: ਮੋਨਿੰਦਰ ਕੌਰ ਤੇ ਡਾ: ਗੁਰਦੇਵ ਭੱਟੀ। ਤਸਵੀਰ: ਤਿਲਕਰਾਜ

# ਡਾ: ਕਪਿਲ ਡੋਗਰਾ ਨੇ ਜ਼ਿਲ੍ਹਾ ਡੈਂਟਲ ਸਿਹਤ ਅ.ਫਸਰ ਵਜੋਂ ਅਹੁਦਾ ਸੰਭਾਲਿਆ

ਕਪੂਰਥਲਾ, 3 ਜਨਵਰੀ (ਸਡਾਨਾ) -ਡਾ: ਕਪਿਲ ਡੋਗਰਾ ਵਲੋਂ ਜ਼ਿਲ੍ਹਾ ਡੈਂਟਲ ਹੈਲਥ ਅ.ਫਸਰ ਦਾ ਅਹੁਦਾ ਸੰਭਾਲ ਕੇ ਕੰਮ ਕਾਰਜ ਆਰੰਭ ਕਰ ਦਿੱਤਾ ਗਿਆ ਹੈ। ਇਸ ਤੋਂ ਪਹਿਲਾਂ ਉਹ ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਖ-ਵੱਖ ਸਿਹਤ ਕੇਂਦਰਾਂ ਵਿਚ ਬਤੌਰ ਮੈਡੀਕਲ ਅ.ਫਸਰ ਡੈਂਟਲ ਵਜੋਂ ਆਪਣੀਆਂ ਸੇਵਾਵਾਂ ਦੇ ਚੁੱਕੇ ਹਨ। ਸਿਹਤ ਵਿਭਾਗ ਕਪੂਰਥਲਾ ਵਿਖੇ ਜ਼ਿਲ੍ਹਾ ਡੈਂਟਲ ਹੈਲਥ ਅ.ਫਸਰ ਦਾ ਅਹੁਦਾ ਸੰਭਾਲਣ ਮੌਕੇ ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਜੋ ਉਨ੍ਹਾਂ ਨੂੰ ਡਿਊਟੀ ਸੌਂਪੀ ਗਈ ਹੈ, ਉਹ ਉਸ ਨੂੰ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਡਾ: ਮੋਨਿੰਦਰ ਕੌਰ ਤੇ ਡਾ: ਗੁਰਦੇਵ ਭੱਟੀ ਵਲੋਂ ਨਵਨਿਯੁਕਤ ਜ਼ਿਲ੍ਹਾ ਡੈਂਟਲ ਸਿਹਤ ਅ.ਫਸਰ ਡਾ: ਕਪਿਲ ਡੋਗਰਾ ਦਾ ਸਵਾਗਤ ਕੀਤਾ ਗਿਆ।



ਸੰਤ ਬਾਬਾ ਲੀਡਰ ਸਿੰਘ ਜੀ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਨੂੰ ਸਨਮਾਨਿਤ ਕਰਦੇ ਹੋਏ। ਤਸਵੀਰ: ਬਲਜੀਤ ਸਿੰਘ

# ਗੁਰਦੁਆਰਾ ਸ੍ਰੀ ਗੁਰੂਸਰ ਸਾਹਿਬ ਵਿਖੇ ਸੰਯੁਕਤ ਕਿਸਾਨ ਮੋਰਚੇ ਦੇ ਕਿਸਾਨ ਨੂੰ ਕੀਤਾ ਸਨਮਾਨਿਤ

ਫੱਤੂਢੀਂਗਾ, 3 ਜਨਵਰੀ (ਬਲਜੀਤ ਸਿੰਘ)-ਗੁਰਦੁਆਰਾ ਸ੍ਰੀ ਗੁਰਸਰ ਸਾਹਿਬ ਪਾਤਸ਼ਾਹੀ ਛੇਵੀਂ ਸੈਫਲਾਬਾਦ ਵਿਖੇ ਮੁੱਖ ਸੇਵਾਦਾਰ ਸੰਤ ਬਾਬਾ ਲੀਡਰ ਸਿੰਘ ਦੀ ਅਗਵਾਈ ਹੇਠ ਦਿੱਲੀ ਵਿਖੇ ਚੱਲੇ ਸੰਘਰਸ਼ ਦੀ ਜਿੱਤ ਦੀ ਖ਼ੁਸ਼ੀ ਵਿਚ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਸੰਯੁਕਤ ਕਿਸਾਨ ਮੋਰਚੇ ਵਿਚ ਸ਼ਾਮਿਲ ਕਿਸਾਨ ਆਗੂ ਜਿਨ੍ਹਾਂ ਨੇ ਲੰਮਾ ਸਮਾਂ ਦਿੱਲੀ ਦੀਆਂ ਬਰੂਹਾਂ 'ਤੇ ਰਹਿ ਕੇ ਜਿੱਤ ਨੂੰ ਪ੍ਰਾਪਤ ਕੀਤਾ, ਉਨ੍ਹਾਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰੂ ਘਰ ਇਕੱਤਰ ਸੰਗਤ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਜਨਰਲ ਸਕੱਤਰ ਰਸ਼ਪਾਲ ਸਿੰਘ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਉਣ ਵਾਲੇ ਸੰਘਰਸ਼ ਲਈ ਤਿਆਰ ਰਹਿਣਾ ਚਾਹੀਦਾ ਹੈ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਸੂਬਾ ਮੀਤ ਪ੍ਰਧਾਨ ਦਲਬੀਰ ਸਿੰਘ ਨਾਨਕਪੁਰ ਤੇ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਆਗੂ ਤਰਲੋਕ ਸਿੰਘ ਨੇ ਵੀ ਮਾਣ ਸਤਿਕਾਰ ਦੇਣ ਲਈ ਸੰਤ ਬਾਬਾ ਲੀਡਰ ਸਿੰਘ ਦਾ ਧੰਨਵਾਦ ਕੀਤਾ। ਇਸ ਮੌਕੇ ਡਾ: ਸੁਖਦੇਵ ਸਿੰਘ, ਜਸਵਿੰਦਰ ਸਿੰਘ, ਹੁਕਮ ਸਿੰਘ, ਮੋਹਣ ਸਿੰਘ, ਮਨਪ੍ਰੀਤ ਸਿੰਘ, ਮਹਿੰਦਰ ਸਿੰਘ ਧਾਲੀਵਾਲ, ਜਸਮੇਲ ਸਿੰਘ ਸੁਰਖਪੁਰ, ਇੰਦਰਜੀਤ ਸਿੰਘ ਘਣੀਏਕੇ, ਭਜਨ ਸਿੰਘ ਸੈਫਲਾਬਾਦ, ਫਕੀਰ ਸਿੰਘ ਲੱਖਣ ਕੇ ਪੱਡੇ, ਹਰਪਾਲ ਸਿੰਘ ਮੁਰਾਦਪੁਰ ਆਦਿ ਨੂੰ ਸਨਮਾਨਿਤ ਕੀਤਾ ਗਿਆ।



ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਹੋਈ ਮੀਟਿੰਗ ਦੌਰਾਨ ਪੋਸਟਰ ਜਾਰੀ ਕਰਦੇ ਹੋਏ ਸਮਾਗਮ ਪ੍ਰਬੰਧਕ। ਤਸਵੀਰ: ਤਿਲਕਰਾਜ

# ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਸੰਬੰਧੀ ਤਿਆਰੀਆਂ ਨੂੰ ਲੈ ਕੇ ਹੋਈ ਮੀਟਿੰਗ

ਕਪੂਰਥਲਾ, 3 ਜਨਵਰੀ (ਸਡਾਨਾ) -ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਸੰਬੰਧੀ ਸਮਾਗਮਾਂ ਦੀਆਂ ਤਿਆਰੀਆਂ ਨੂੰ ਲੈ ਕੇ ਸ੍ਰੀ ਗੁਰੂ ਰਵਿਦਾਸ ਸਭਾ ਦੀ ਮੀਟਿੰਗ ਪ੍ਰਧਾਨ ਮਲਕੀਤ ਸਿੰਘ ਦੀ ਅਗਵਾਈ ਹੇਠ ਹੋਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਉਪ ਪ੍ਰਧਾਨ ਰਮੇਸ਼ ਕਲਸੀ ਨੇ ਦੱਸਿਆ ਕਿ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਫ਼ਰਵਰੀ ਮਹੀਨੇ ਵਿਚ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 5 ਫਰਵਰੀ ਤੋਂ 12 ਫਰਵਰੀ ਤੱਕ ਰੋਜ਼ਾਨਾ ਪ੍ਰਭਾਤ ਫੇਰੀਆਂ ਕੱਢੀਆਂ ਜਾਣਗੀਆਂ। 6 ਫਰਵਰੀ ਨੂੰ ਸਵੇਰੇ 10 ਵਜੇ ਨਿਸ਼ਾਨ ਸਾਹਿਬ ਦੀ ਸੇਵਾ ਹੋਵੇਗੀ ਤੇ 14 ਫਰਵਰੀ ਨੂੰ ਸਵੇਰੇ 11 ਵਜੇ ਗੁਰਦੁਆਰਾ ਗੁਰੂ ਰਵਿਦਾਸ ਭਵਨ ਕਪੂਰਥਲਾ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ 16 ਫਰਵਰੀ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਕੀਰਤਨ ਦਰਬਾਰ ਹੋਵੇਗਾ। ਮੀਟਿੰਗ ਮੌਕੇ ਮਨਮੋਹਨ ਕੁਮਾਰ, ਰਜਿੰਦਰ ਕੁਮਾਰ, ਅਮਰਤੇਜ ਸਿੰਘ, ਹਰਬਖ਼ਸ਼ ਸਿੰਘ, ਦਰਸ਼ਨ ਲਾਲ, ਕੇਵਲ ਸਿੰਘ, ਸੁਨੀਲ ਕੁਮਾਰ, ਨਰਿੰਦਰ ਕੁਮਾਰ, ਰਜਿੰਦਰ ਕੁਮਾਰ, ਇੰਦਰਜੀਤ ਸੋਨੂੰ, ਜਗਦੀਸ਼ ਕੁਮਾਰ, ਬੂਟਾ ਰਾਮ, ਕ੍ਰਿਸ਼ਨ ਲਾਲ ਤੇ ਹੋਰ ਹਾਜ਼ਰ ਸਨ।



ਸੰਜੀਵ ਪਸਰੀਚਾ ਨੂੰ ਨਿਯੁਕਤੀ ਪੱਤਰ ਦਿੰਦੇ ਹੋਏ ਵਿਧਾਇਕ ਧਾਲੀਵਾਲ ਨਾਲ ਮੌਜੂਦ ਮੁਨੀਸ਼ ਭਾਰਦਵਾਜ, ਅਮਨਦੀਪ ਪ੍ਰਭਾਕਰ ਤੇ ਹੋਰ। ਤਸਵੀਰ: ਹਰਜੋਤ ਚਾਨਾ

# ਸੰਜੀਵ ਪਸਰੀਚਾ ਨੂੰ ਸੋਸ਼ਲ ਮੀਡੀਆ ਸੈੱਲ ਪੰਜਾਬ ਦਾ ਸਕੱਤਰ ਨਿਯੁਕਤ ਕੀਤਾ

## ਵਿਧਾਇਕ ਧਾਲੀਵਾਲ ਨੇ ਦਿੱਤਾ ਨਿਯੁਕਤੀ ਪੱਤਰ

ਫਗਵਾੜਾ, 3 ਜਨਵਰੀ (ਹਰਜੋਤ ਸਿੰਘ ਚਾਨਾ)- ਆਲ ਇੰਡੀਆ ਕਾਂਗਰਸ ਕਮੇਟੀ ਵਲੋਂ ਸੰਜੀਵ ਪਸਰੀਚਾ ਨੂੰ ਸੋਸ਼ਲ ਮੀਡੀਆ ਸੈੱਲ ਪੰਜਾਬ ਦਾ ਸਕੱਤਰ ਨਿਯੁਕਤ ਕੀਤਾ ਗਿਆ ਹੈ। ਇਸ ਸੰਬੰਧੀ ਨਿਯੁਕਤੀ ਪੱਤਰ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਦਿੱਤਾ। ਇਸ ਮੌਕੇ ਸਾਬਕਾ ਪੀ.ਪੀ.ਸੀ.ਸੀ. ਸਕੱਤਰ ਮੁਨੀਸ਼ ਭਾਰਦਵਾਜ, ਅਮਨਦੀਪ ਪ੍ਰਭਾਕਰ ਤੇ ਸ਼ਹਿਰੀ ਪ੍ਰਧਾਨ ਸੰਜੀਵ ਬੁੱਗਾ ਨੇ ਨਿਯੁਕਤੀ ਦਾ ਸੁਆਗਤ ਕਰਦਿਆਂ ਕਿਹਾ ਕਿ ਸੰਜੀਵ ਪਸਰੀਚਾ ਕਾਂਗਰਸ ਪਾਰਟੀ ਦੇ ਕਾਫ਼ੀ ਸਰਗਰਮ ਆਗੂ ਹਨ ਤੇ ਉਨ੍ਹਾਂ ਦੀ ਇਸ ਨਿਯੁਕਤੀ ਨਾਲ ਕਾਂਗਰਸ ਦਾ ਸੋਸ਼ਲ ਮੀਡੀਆ ਸੈੱਲ ਕਾਫ਼ੀ ਮਜ਼ਬੂਤ ਹੋਵੇਗਾ। ਸੰਜੀਵ ਪਸਰੀਚਾ ਨੇ ਆਪਣੀ ਨਿਯੁਕਤੀ ਲਈ ਪਾਰਟੀ ਪ੍ਰਧਾਨ ਨਵਜੋਤ ਸਿੰਘ ਸਿੱਧੂ, ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਜੋਗਿੰਦਰਪਾਲ ਢੀਂਗਰਾ ਇੰਚਾਰਜ ਪੰਜਾਬ ਦਾ ਧੰਨਵਾਦ ਕੀਤਾ। ਇਸ ਮੌਕੇ ਗੁਰਦਿਆਲ ਸਿੰਘ ਭੁੱਲਾਰਾਈ, ਵਿੱਕੀ ਵਾਲੀਆ, ਸੀਤਾ ਦੇਵੀ, ਸੋਢੀ ਸਿੰਘ ਪਟਵਾਰੀ ਵੀ ਸ਼ਾਮਿਲ ਸਨ।

# ਅਕਾਲੀ-ਬਸਪਾ ਗੱਠਜੋੜ ਦੇ ਉਮੀਦਵਾਰ ਕੈਪਟਨ ਹਰਮਿੰਦਰ ਸਿੰਘ ਵਲੋਂ ਚੋਣਾਂ ਨੂੰ ਲੈ ਕੇ ਮੀਟਿੰਗਾਂ

ਤਲਵੰਡੀ ਚੌਧਰੀਆਂ, 3 ਜਨਵਰੀ (ਪਰਸਨ ਲਾਲ ਭੋਲਾ)-ਸ਼੍ਰੋਮਣੀ ਅਕਾਲੀ ਦਲ ਬਾਦਲ ਤੇ ਬਸਪਾ ਦੇ ਸਾਂਝੇ ਉਮੀਦਵਾਰ ਕੈਪਟਨ ਹਰਮਿੰਦਰ ਸਿੰਘ ਨੇ ਜ਼ੋਨ ਤਲਵੰਡੀ ਚੌਧਰੀਆਂ ਵਿਚ ਪੈਂਦੇ ਕੋਠੇ ਪਿੰਡ ਤਲਵੰਡੀ ਚੌਧਰੀਆਂ ਅਤੇ ਕੁੱਝ ਡੇਰਿਆਂ ਦੇ ਵਿਅਕਤੀਆਂ ਨਾਲ ਨੁੱਕੜ ਮੀਟਿੰਗ ਵਿਚ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਵਾਅਦਾ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਤੇ ਬਸਪਾ ਦੀ ਸਾਂਝੀ ਸਰਕਾਰ ਆਉਣ 'ਤੇ ਤੁਹਾਡੀਆਂ ਸਾਰੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾਵੇਗਾ। ਇਸ ਮੌਕੇ 'ਤੇ ਬਲਦੇਵ ਸਿੰਘ ਕੋਠੇ, ਮਹਿੰਦਰ ਸਿੰਘ, ਜਗਜੀਤ ਸਿੰਘ, ਨਰਿੰਜਨ ਸਿੰਘ ਅਤੇ ਜਗੀਰ ਸਿੰਘ ਮੱਲ੍ਹੀ ਨੇ ਭਰੋਸਾ ਦਵਾਇਆ ਕਿ ਇਕ ਇਕ ਵੋਟ ਸ਼੍ਰੋਮਣੀ ਅਕਾਲੀ ਦਲ ਦੀ ਅਮਾਨਤ ਹੈ। ਇਸ ਮੌਕੇ ਬਲਦੇਵ ਸਿੰਘ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ, ਸੁਰਜੀਤ ਸਿੰਘ ਢਿੱਲੋਂ, ਬਲਵਿੰਦਰ ਸਿੰਘ ਤੁੜ, ਪ੍ਰਮੋਦ ਕੁਮਾਰ ਸ਼ਾਹ, ਜੋਗਾ ਸਿੰਘ ਨੰਬਰਦਾਰ, ਪ੍ਰਗਟ ਸਿੰਘ ਸ਼ਾਲਾਪੁਰ ਬੇਟ, ਗੁਰਦੇਵ ਸਿੰਘ ਸ਼ਾਲਾਪੁਰ ਬੇਟ, ਹਰਦਿਆਲ ਸਿੰਘ ਨਿਹਾਲਾ, ਕੀਰਤਨਪਾਲ ਸਿੰਘ ਸੰਧੂ, ਸੁਖਦੇਵ ਸਿੰਘ, ਨਿਰਵੈਲ ਸਿੰਘ, ਨਿਸ਼ਾਨ ਸਿੰਘ ਸੰਧੂ, ਸੱਚਾ ਸਿੰਘ, ਬਲਜੀਤ ਸਿੰਘ ਪੀਏ, ਵਰਣ ਚੱਢਾ ਪੀਏ ਆਦਿ ਹਾਜ਼ਰ ਸਨ।



ਜ਼ੋਨ ਤਲਵੰਡੀ ਚੌਧਰੀਆਂ ਦੇ ਕੋਠੇ ਤੇ ਡੇਰਿਆਂ ਦੇ ਨਿਵਾਸੀਆਂ ਨਾਲ ਗੱਲਬਾਤ ਕਰਨ ਉਪਰੰਤ ਕੈਪਟਨ ਹਰਮਿੰਦਰ ਸਿੰਘ ਤੇ ਹੋਰ ਅਕਾਲੀ ਆਗੂ। ਤਸਵੀਰ: ਭੋਲਾ



ਵੱਖ-ਵੱਖ ਪਿੰਡਾਂ ਦੇ ਲੋਕਾਂ ਨਾਲ ਗੱਲਬਾਤ ਕਰਦੇ ਹੋਏ ਕਾਂਗਰਸ ਆਗੂ ਹਰਬੰਸ ਲਾਲ ਖਲਵਾੜਾ ਅਤੇ ਹੋਰ। ਤਸਵੀਰ: ਮਨਦੀਪ ਸਿੰਘ ਸੰਧੂ

# ਕਾਂਗਰਸੀ ਆਗੂ ਹਰਬੰਸ ਲਾਲ ਖਲਵਾੜਾ ਨੇ ਬਿਸ਼ਨਪੁਰ ਤੇ ਰਾਵਲਪਿੰਡੀ ਵਿਖੇ ਵੋਟਰਾਂ ਨਾਲ ਕੀਤਾ ਰਾਬਤਾ

ਖਲਵਾੜਾ, 3 ਜਨਵਰੀ (ਮਨਦੀਪ ਸਿੰਘ ਸੰਧੂ)-ਹਲਕਾ ਵਿਧਾਨ ਸਭਾ ਫਗਵਾੜਾ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਦਾਅਵੇਦਾਰ ਅਤੇ ਕਿਸਾਨ ਤੇ ਖੇਤ ਮਜ਼ਦੂਰੀ ਵਿਭਾਗ ਪੰਜਾਬ ਦੇ ਜਨਰਲ ਸਕੱਤਰ ਹਰਬੰਸ ਲਾਲ ਖਲਵਾੜਾ ਨੇ ਹਲਕਾ ਵਿਧਾਨਸਭਾ ਫਗਵਾੜਾ ਅਧੀਨ ਪਿੰਡ ਬਿਸ਼ਨਪੁਰ, ਰਾਵਲਪਿੰਡੀ ਤੋਂ ਇਲਾਵਾ ਪਿੰਡ ਫ਼ਤਿਹਗੜ੍ਹ, ਚੈੜ ਤੇ ਵਾਹਦ ਵਿਖੇ ਵੋਟਰਾਂ ਨਾਲ ਰਾਬਤਾ ਕੀਤਾ। ਇਸ ਮੌਕੇ ਭਰਵੀਆਂ ਮੀਟਿੰਗਾਂ ਦੌਰਾਨ ਉਨ੍ਹਾਂ ਵੋਟਰਾਂ ਨੂੰ ਕਾਂਗਰਸ ਪਾਰਟੀ ਦੀਆਂ ਨੀਤੀਆਂ ਅਤੇ ਚਰਨਜੀਤ ਸਿੰਘ ਚੰਨੀ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਵਿਸਥਾਰ ਨਾਲ ਦੱਸਿਆ ਅਤੇ ਕਿਹਾ ਕਿ ਪੰਜਾਬ ਨੂੰ ਤਰੱਕੀ ਅਤੇ ਖ਼ੁਸ਼ਹਾਲੀ ਦੇ ਰਸਤੇ 'ਤੇ ਅੱਗੇ ਲੈ ਕੇ ਜਾਣ ਲਈ ਦੁਬਾਰਾ ਸੂਬੇ ਵਿਚ ਕਾਂਗਰਸ ਪਾਰਟੀ ਦੀ ਸਰਕਾਰ ਨੂੰ ਸੱਤਾ ਵਿਚ ਲਿਆਉਣਾ ਜ਼ਰੂਰੀ ਹੈ। ਵੋਟਰਾਂ ਨੇ ਹਰਬੰਸ ਲਾਲ ਖਲਵਾੜਾ ਨੂੰ ਭਰੋਸਾ ਦਿੱਤਾ ਕਿ ਇਸ ਵਾਰ ਵੀ ਕਾਂਗਰਸ ਪਾਰਟੀ ਦੇ ਹੱਕ ਵਿਚ ਵੋਟਾਂ ਪਾਉਣਗੇ। ਇਸ ਮੌਕੇ ਹਰਭਜਨ ਲਾਲ ਖਲਵਾੜਾ, ਦਿਲਬਾਗ ਸਿੰਘ ਸਰਪੰਚ ਬਿਸ਼ਨਪੁਰ, ਅਵਤਾਰ ਸਿੰਘ ਨੰਬਰਦਾਰ, ਰਮੇਸ਼ ਲਾਲ, ਸਕਰੀਵ ਕੁਮਾਰ, ਸਾਬਕਾ ਸਰਪੰਚ ਹਰੀਸ਼ ਲਾਲ, ਗੁਰਮੀਤ ਸਿੰਘ, ਮਹਿੰਦਰ ਸਿੰਘ, ਰਾਵਲਪਿੰਡੀ, ਜਸਪ੍ਰੀਤ ਸਿੰਘ ਸੰਧੂ, ਕੁਲਦੀਪ, ਸਵੀਟੀ, ਸੋਨੀਆ, ਯਾਦਵਿੰਦਰ ਸਿੰਘ, ਵਿੱਕੀ ਖੋਥੜਾ, ਜਸਵਿੰਦਰ ਕੌਰ ਬਿੰਦਰੀ, ਪਾਲ ਰਾਮ ਵਾਹਦ, ਗੁਲਵੀਰ ਸਿੰਘ, ਸੋਹਨ ਲਾਲ, ਬਿੱਕਰ ਰਾਮ, ਹਰਜਿੰਦਰ ਪਾਲ ਕਾਲਾ ਮਾਨਕ, ਰਿਟਾ. ਮਾਸਟਰ ਕਰਤਾਰ ਚੰਦ, ਧਰਮ ਕੌਰ, ਸ੍ਰ. ਬਲਦੇਵ ਸਿੰਘ ਠੇਕੇਦਾਰ ਫ਼ਤਿਹਗੜ੍ਹ, ਸੁਰਿੰਦਰ ਕੌਰ ਸਰਪੰਚ ਆਦਿ ਹਾਜ਼ਰ ਸਨ।